# 16

ਮਿਤੀ : 5-7-1977

ੴ ਵਾਹਿਗੁਰੂ ਜੀ ਕੀ ਫਤਹਿ ।

ਸਿੱਖ ਧਰਮ ਦੇ ਕੁਝ ਕੁ ਬੁਨਿਆਦੀ ਅਸੂਲ ਹਨ, ਜਿਨ੍ਹਾਂ ਵਿਚ ਅਰਦਾਸ ਅਤੇ ਚੌਪਈ (ਹਮਰੀ ਕਰੋ ਹਾਥ ਦੈ ਰੱਛਾ) ਭੀ ਹਨ, ਜੋ ਸਿੱਖ ਧਰਮ ਦੇ ਥੰਮ੍ਹ ਰੂਪ ਹਨ, ਜਿਨ੍ਹਾਂ ਦਾ ਸਮੁੱਚੇ ਤੌਰ 'ਤੇ ਸਾਰੇ ਸਿੱਖ ਜਗਤ ਨਾਲ ਸੰਬੰਧ ਹੈ। ਸਮੂੰਹ ਸਿੱਖ ਪੰਥ ਦੀ ਨੁਮਾਇੰਦਾ ਜਮਾਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੱਖ ਜਗਤ ਦੇ ਇਤਿਹਾਸਕਾਰ ਅਤੇ ਪੰਥ ਦੇ ਪ੍ਰਸਿੱਧ ਵਿਦਵਾਨਾਂ ਦੇ ਸਮੁੱਚੇ ਫ਼ੈਸਲੇ ਤੋਂ ਬਿਨਾਂ ਗਿਆਨੀ ਭਾਗ ਸਿੰਘ ਅੰਬਾਲਾ ਛਾਉਣੀ ਨੇ ਇਕ ਦਸਮ ਗ੍ਰੰਥ ਨਿਰਣੈ ਪੁਸਤਕ ਲਿਖ ਕੇ ਵਿਅਕਤੀਗਤ ਕਿੰਤੂ ਕਰਕੇ ਸਿੱਖ ਪੰਥ ਦੇ ਬੁਨਿਆਦੀ ਅਸੂਲਾਂ 'ਤੇ ਕਾਰੀ ਸੱਟ ਮਾਰ ਕੇ ਘੋਰ ਪਾਪ ਕੀਤਾ ਹੈ। ਇਸ ਲਈ ਮੈਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਹੈਸੀਅਤ ਵਿਚ ਦੇਸ ਅਤੇ ਪਰਦੇਸ ਦੀਆਂ ਸਮੂੰਹ ਸਿੱਖ ਸੰਗਤਾਂ ਨੂੰ ਸੂਚਿਤ ਕਰਦਾ ਹਾਂ ਕਿ ਜਦ ਤੀਕ ਸ੍ਰੀ ਅਕਾਲ ਤਖ਼ਤ ਸਾਹਿਬ ਆਪ ਹਾਜ਼ਰ ਹੋ ਕੇ ਗਿਆਨੀ ਭਾਗ ਸਿੰਘ ਇਸ ਕੀਤੇ ਘੋਰ ਪਾਪ ਦੀ ਪ੍ਰਾਸਚਿਤ ਵਜੋਂ ਮੁਆਫ਼ੀ ਨਹੀਂ ਮੰਗਦਾ, ਸਿੱਖ ਸੰਗਤਾਂ ਉਸ ਨੂੰ ਮੂੰਹ ਨਾ ਲਾਉਣ ਅਤੇ ਦੀਵਾਨਾਂ, ਗੁਰਪੁਰਬਾਂ ਆਦਿ ਸਮਾਗਮਾਂ ਵਿਚ ਕਿਸੇ ਸੂਰਤ ਵਿਚ ਭੀ ਬੋਲਣ ਦੀ ਆਗਿਆ ਨਾ ਦੇਣ। ਸਿੱਖ ਸੰਗਤਾਂ ਇਸ 'ਤੇ ਸਖ਼ਤੀ ਨਾਲ ਅਮਲ ਕਰਨ।

-/ਸਹੀ
(ਸਾਧੂ ਸਿੰਘ)
ਜਥੇਦਾਰ
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ